# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10 Pm

**ਮਿਤੀ: 02-11-2024**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਭਗਵਾਨ ਵਿਸ਼ਵਕਰਮਾ ਦੇ ਪ੍ਰਕਾਸ਼ ਉਤਸਵ ਮੌਕੇ ਪੰਜਾਬ ਦੇ ਲੋਕਾਂ ਨੂੰ ਵਧਾਈ ਦਿੱਤੀ ਏ । ਵਿਸ਼ਵਕਰਮਾ ਦਿਵਸ ਦੇ ਮੌਕੇ ਆਪਣੇ ਸੰਦੇਸ਼ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਸਮੁੱਚੇ ਬ੍ਰਹਿਮੰਡ ਦੇ ਰਚੇਤਾ ਭਗਵਾਨ ਵਿਸ਼ਵਕਰਮਾ ਵਰਤੋਂ ਵਿੱਚ ਲਿਆਂਦੀ ਜਾ ਰਹੀ ਸਾਰੀ ਮਸ਼ੀਨਰੀ ਅਤੇ ਔਜਾਰਾਂ ਦੇ ਮਾਹਿਰ ਸਨ, ਜਿਨ੍ਹਾਂ ਨੂੰ ਸਾਰੀ ਮਸ਼ੀਨਰੀ ਦੇ ਰਚਨਹਾਰੇ ਮੰਨਿਆ ਜਾਂਦਾ ਏ । ਭਗਵਾਨ ਵਿਸ਼ਵਕਰਮਾ ਵੱਲੋਂ ਕੀਤੀ ਗਈ ਰਚਨਾ ਨੇ ਭਾਰਤੀ ਦਸਤਕਾਰਾਂ, ਕਾਰੀਗਰਾਂ ਅਤੇ ਕਿਰਤੀ ਕਾਮਿਆਂ ਵਿੱਚ ਸੱਚੀ ਤੇ ਸੁੱਚੀ ਕਿਰਤ ਕਰਨ ਦੀ ਭਾਵਨਾ ਪੈਦਾ ਕੀਤੀ ਏ । ਮੁਖ ਮੰਤਰੀ  ਨੇ ਕਿਰਤੀਆਂ ਤੇ ਦਸਤਕਾਰਾਂ ਨੂੰ ਸਾਡੇ ਰਾਜ ਅਤੇ ਦੇਸ਼ ਦੇ ਬੁਨਿਆਦੀ ਢਾਂਚੇ ਨੂੰ

ਮਜ਼ਬੂਤ ਕਰਨ ਲਈ ਹੋਰ ਵਧੇਰੇ ਸਖਤ ਮਿਹਨਤ  ਅਤੇ ਸਮਰਪਣ ਦੀ ਭਾਵਨਾ ਨਾਲ ਆਪਣਾ ਵਡਮੁੱਲਾ ਯੋਗਦਾਨ ਪਾਉਣ ਦਾ ਸੱਦਾ ਦਿੱਤਾ ਏ ।

---------------------------------------------------------

ਅੱਜ ਦੇਸ਼ ਭਰ 'ਚ ਗੋਵਰਧਨ ਪੂਜਾ ਦਾ ਤਿਉਹਾਰ ਮਨਾਇਆ ਜਾ ਰਿਹਾ ਏ। ਸਦੀਆਂ ਤੋਂ ਦੀਵਾਲੀ ਦੇ ਅਗਲੇ ਦਿਨ ਗੋਵਰਧਨ ਪੂਜਾ ਮਨਾਉਣ ਦੀ ਪਰੰਪਰਾ ਰਹੀ ਏ। ਇਹ ਵਰਖਾ ਦੇ ਦੇਵਤਾ, ਇੰਦਰ ਉੱਤੇ ਭਗਵਾਨ ਕ੍ਰਿਸ਼ਨ ਦੀ ਜਿੱਤ ਦੀ ਯਾਦ ਵਿੱਚ ਮਨਾਇਆ ਜਾਂਦਾ ਏ। ਇਸ ਦਿਨ ਨੂੰ Annakut ਵਜੋਂ ਵੀ ਮਨਾਇਆ ਜਾਂਦਾ ਏ ਅਤੇ ਇਸ ਸ਼ੁਭ ਦਿਨ, ਸ਼ਰਧਾਲੂ ਵਿਸ਼ੇਸ਼ ਪੂਜਾ ਕਰਦੇ ਨੇ। ਇਸ ਮੌਕੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਦੇਸ਼ ਵਾਸੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਸ਼ਾਹ ਨੇ ਕਿਹਾ ਏ ਕਿ ਭਗਵਾਨ ਕ੍ਰਿਸ਼ਨ ਨੇ ਗੋਵਰਧਨ ਪਰਬਤ ਰਾਹੀਂ ਨਾ ਸਿਰਫ ਮਨੁੱਖਤਾ, ਸਗੋਂ ਸਾਰੇ ਜੀਵਤ ਸੰਸਾਰ ਦੀ ਰੱਖਿਆ ਕੀਤੀ। ਉਨ੍ਹਾਂ ਕਾਮਨਾ ਕੀਤੀ ਕਿ ਭਗਵਾਨ ਕ੍ਰਿਸ਼ਨ ਦਾ ਆਸ਼ੀਰਵਾਦ ਸਾਰਿਆਂ 'ਤੇ ਬਣਿਆ ਰਹੇ।

---------------------------------------------------------------

ਅੰਮ੍ਰਿਤਸਰ ਦੇਸ਼ ਦੇ ਸਭ ਤੋਂ ਵੱਧ ਪ੍ਰਦੂਸ਼ਿਤ ਸ਼ਹਿਰਾਂ ਦੀ ਸੂਚੀ ਵਿੱਚ ਪਹੁੰਚ ਗਿਆ ਏ। ਬੀਤੇ ਦਿਨ ਚਲੇ ਪਟਾਕਿਆਂ ਅਤੇ ਆਤਿਸ਼ਬਾਜ਼ੀ ਤੋਂ ਬਾਅਦ ਅੱਜ ਸ਼ਨੀਵਾਰ ਸਵੇਰੇ ਅੰਮ੍ਰਿਤਸਰ ਦਾ AQI (ਹਵਾ ਦੀ ਗੁਣਵਤਾ ਦਾ ਸੂਚਕ ਅੰਕ) ਗ੍ਰੇਡ-3 ਸ਼੍ਰੇਣੀ ਵਿੱਚ ਆ ਗਿਆ ਏ ਜੋ ਕਿ ਦਿੱਲੀ ਦੇ ਪ੍ਰਦੂਸ਼ਣ ਪੱਧਰ ਦੇ ਬਰਾਬਰ ਏ। ਅੰਮ੍ਰਿਤਸਰ ਦਾ ਹਵਾ ਦੀ ਗੁਣਵਤਾ ਦਾ ਔਸਤ ਸੂਚਕ ਅੰਕ (AQI ) 339 ਹੈ ਜਦੋਂ ਕਿ ਚੰਡੀਗੜ੍ਹ ਦਾ ਹਵਾ ਦੀ ਗੁਣਵਤਾ ਦਾ ਔਸਤ ਸੂਚਕ ਅੰਕ (AQI) 297 ਦਰਜ ਕੀਤਾ ਗਿਆ ਏ।ਇਸ ਦੇ ਨਾਲ ਹੀ ਪੰਜਾਬ ਦੇ ਬਠਿੰਡਾ ਵਿੱਚ ਸਵੇਰੇ 7 ਵਜੇ ਹਵਾ ਦੀ ਗੁਣਵਤਾ ਦਾ ਸੂਚਕ ਅੰਕ (AQI ) 131, ਜਲੰਧਰ ਵਿਚ 225, ਲੁਧਿਆਣਾ ਵਿੱਚ 266, ਮੰਡੀ ਗੋਬਿੰਦਗੜ੍ਹ ਵਿੱਚ 236 ਅਤੇ ਪਟਿਆਲਾ ਵਿੱਚ 231 ਦਰਜ ਕੀਤਾ ਗਿਆ ਏ। ਪ੍ਰਦੂਸ਼ਣ ਕੰਟਰੋਲ ਬੋਰਡ ਅਨੁਸਾਰ ਅੰਮ੍ਰਿਤਸਰ ਰੈੱਡ ਸ਼੍ਰੇਣੀ ਵਿੱਚ ਆਇਆ ਏ , ਜਦੋਂ ਕਿ ਪੰਜਾਬ ਦੇ ਜ਼ਿਆਦਾਤਰ ਸ਼ਹਿਰ ਆਰੇਂਜ ਸ਼੍ਰੇਣੀ ਵਿੱਚ ਆਏ ਨੇ।

----------------------------------------------

ਦੀਵਾਲੀ ਅਤੇ ਛਠ ਪੂਜਾ ਦੇ ਮੌਜੂਦਾ ਤਿਉਹਾਰਾਂ ਦੇ ਮਦੇਨਜਰ ਨਿਰਵਿਘਨ ਅਤੇ ਆਰਾਮਦਾਇਕ ਯਾਤਰਾ ਨੂੰ ਯਕੀਨੀ ਬਣਾਉਣ ਲਈ, ਉੱਤਰੀ ਰੇਲਵੇ ਦੇ ਫਿਰੋਜ਼ਪੁਰ ਡਿਵੀਜ਼ਨ ਵਲੋਂ ਵਿਸ਼ੇਸ਼ ਰੇਲਗੱਡੀਆਂ ਚਲਾਈਆਂ ਜਾ ਰਹੀਆਂ ਨੇ । ਅੰਮ੍ਰਿਤਸਰ-ਕਟਿਹਾਰ-ਅੰਮ੍ਰਿਤਸਰ ਰਿਜ਼ਰਵਡ ਫੈਸਟੀਵਲ ਸਪੈਸ਼ਲ ਰੇਲਗੱਡੀ 02 ਨਵੰਬਰ ਨੂੰ ਅੰਮ੍ਰਿਤਸਰ ਤੋਂ ਕਟਿਹਾਰ ਤੱਕ ਦੁਪਹਿਰ 01.25 ਵਜੇ ਰਵਾਨਾ ਹੋਵੇਗੀ ਅਤੇ ਇੱਕ ਦਿਨ ਬਾਅਦ ਸਵੇਰੇ 03.00 ਵਜੇ ਕਟਿਹਾਰ ਪਹੁੰਚੇਗੀ। ਰਸਤੇ ਵਿੱਚ, ਇਹ ਵਿਸ਼ੇਸ਼ ਰੇਲਗੱਡੀ ਬਿਆਸ, ਜਲੰਧਰ ਸ਼ਹਿਰ, ਢੰਡਾਰੀ ਕਲਾਂ, ਅੰਬਾਲਾ ਛਾਉਣੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਲਖਨਊ, ਅਯੁੱਧਿਆ ਕੈਂਟ, ਅਕਬਰਪੁਰ, ਵਾਰਾਣਸੀ, ਗਾਜ਼ੀਪੁਰ ਸਿਟੀ, ਬਲੀਆ, ਛਪਰਾ, ਹਾਜੀਪੁਰ, ਦੇਸਰੀ, ਬਰੌਨੀ ਅਤੇ ਖਗੜੀਆ ਵਿਖੇ ਰੁਕਦੀ ਏ । ਲੁਧਿਆਣਾ-ਕੋਲਕਾਤਾ-ਲੁਧਿਆਣਾ ਵਿਚਕਾਰ ਅਨਰਿਜ਼ਰਵਡ ਫੈਸਟੀਵਲ ਸਪੈਸ਼ਲ ਰੇਲਗੱਡੀ 03 ਨਵੰਬਰ ਨੂੰ ਲੁਧਿਆਣਾ ਤੋਂ ਸਵੇਰੇ 06.30 ਵਜੇ ਰਵਾਨਾ ਹੋਵੇਗੀ। ਇਹ ਵਿਸ਼ੇਸ਼

ਰੇਲ ਗੱਡੀ ਢੰਡਾਰੀ ਕਲਾਂ, ਅੰਬਾਲਾ ਛਾਉਣੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਲਖਨਊ, ਸੁਲਤਾਨਪੁਰ, ਵਾਰਾਣਸੀ, ਪੰਡਿਤ ਦੀਨਦਿਆਲ ਉਪਾਧਿਆਏ, ਸਾਸਾਰਾਮ, ਗਯਾ, ਕੋਡਰਮਾ, ਪਾਰਸਨਾਥ, ਨੇਤਾਜੀ ਸੁਭਾਸ਼ ਚੰਦਰ ਬੋਸ ਜੰਕਸ਼ਨ ਗੋਮੋ, ਢਾਬਾ , ਆਸਨਸੋਲ, ਅੰਡਲ, ਇਹ ਦੋਵੇਂ ਦਿਸ਼ਾਵਾਂ ਵਿੱਚ ਦੁਰਗਾਪੁਰ, ਬਰਧਮਾਨ ਰੇਲਵੇ ਸਟੇਸ਼ਨਾਂ 'ਤੇ ਰੁਕੇਗੀ।

---------------------------------------------------

ਕੇਂਦਰੀ ਯੁਵਾ ਮਾਮਲਿਆਂ ਅਤੇ ਖੇਡਾਂ ਦੇ ਮੰਤਰੀ ਡਾ. ਮਨਸੁਖ ਮਾਂਡਵੀਆ ਨੇ ਨੌਜਵਾਨਾਂ ਨੂੰ ਵੱਕਾਰੀ ਰਾਸ਼ਟਰੀ ਯੁਵਾ ਪੁਰਸਕਾਰ 2022-23 ਲਈ ਅਪਲਾਈ ਕਰਨ ਦਾ ਸੱਦਾ ਦਿੱਤਾ ਏ । ਇਹ ਪੁਰਸਕਾਰ 15 ਤੋਂ 29 ਸਾਲ ਦੇ ਵਿਚਕਾਰ ਉਮਰ ਦੇ ਵਿਅਕਤੀਆਂ ਅਤੇ ਸੰਸਥਾਵਾਂ ਨੂੰ ਵਿਕਾਸ ਅਤੇ ਸਮਾਜਿਕ ਸੇਵਾਵਾਂ ਜਿਵੇਂ ਕਿ ਸਿਹਤ, ਮਨੁੱਖੀ ਅਧਿਕਾਰਾਂ ਦੀ ਤਰੱਕੀ, ਸਰਗਰਮ ਨਾਗਰਿਕਤਾ ਅਤੇ ਕਮਿਊਨਿਟੀ ਸੇਵਾ ਦੇ ਵੱਖ-ਵੱਖ ਖੇਤਰਾਂ ਵਿੱਚ ਸ਼ਾਨਦਾਰ ਕੰਮ ਅਤੇ ਯੋਗਦਾਨ ਲਈ ਦਿੱਤਾ ਜਾਂਦਾ ਏ । ਪੁਰਸਕਾਰ ਵਿੱਚ ਇੱਕ ਮੈਡਲ, ਇੱਕ ਸਰਟੀਫਿਕੇਟ

ਅਤੇ ਵਿਅਕਤੀ ਨੂੰ ਇੱਕ ਲੱਖ ਰੁਪਏ ਦਾ ਨਕਦ ਇਨਾਮ ਅਤੇ ਸੰਸਥਾ ਨੂੰ ਤਿੰਨ ਲੱਖ ਰੁਪਏ ਦਾ ਨਕਦ ਇਨਾਮ ਸ਼ਾਮਲ ਏ। ਇੱਕ ਵੀਡੀਓ ਸੰਦੇਸ਼ ਵਿੱਚ, ਡਾ. ਮਾਂਡਵੀਆ ਨੇ ਜ਼ੋਰ ਦੇ ਕੇ ਕਿਹਾ ਕਿ ਅਵਾਰਡ ਸਿਰਫ਼ ਇੱਕ ਪ੍ਰਸ਼ੰਸਾ ਹੀ ਨਹੀਂ ਸਗੋਂ ਇੱਕ ਪ੍ਰਗਤੀਸ਼ੀਲ ਅਤੇ ਸਮਾਵੇਸ਼ੀ ਭਾਰਤ ਨੂੰ ਉਤਸ਼ਾਹਿਤ ਕਰਨ ਵਿੱਚ ਨੌਜਵਾਨ ਲੀਡਰਸ਼ਿਪ ਦਾ ਜਸ਼ਨ ਏ । ਰਾਸ਼ਟਰੀ ਯੁਵਾ ਪੁਰਸਕਾਰ 2022-23 ਲਈ ਅਰਜ਼ੀ ਗ੍ਰਹਿ ਮੰਤਰਾਲੇ ਦੇ ਕਾਮਨ ਅਵਾਰਡ ਪੋਰਟਲ ਰਾਹੀਂ ਮੰਗੀ ਗਈ ਏ । ਇਸ ਲਈ ਅਪਲਾਈ ਕਰਨ ਦੀ ਆਖਰੀ ਮਿਤੀ 15 ਨਵੰਬਰ ਏ।

---------------------------------------------------------------

ਮੇਜਰ ਜਨਰਲ ਜਗਦੀਪ ਸਿੰਘ ਚੀਮਾ ਨੇ ਐਨ ਸੀ ਸੀ ਡਾਇਰੈਕਟੋਰੇਟ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਦੇ 13ਵੇਂ ਵਧੀਕ ਡਾਇਰੈਕਟਰ ਜਨਰਲ ਵਜੋਂ ਅਹੁਦਾ ਸੰਭਾਲ ਲਿਆ ਏ। ਉਹ ਨੈਸ਼ਨਲ ਡਿਫੈਂਸ ਅਕੈਡਮੀ, ਖੜਕਵਾਸਲਾ ਦੇ ਸਾਬਕਾ ਵਿਦਿਆਰਥੀ ਨੇ ਅਤੇ 1988 ਵਿੱਚ 223 ਮੀਡੀਅਮ ਰੈਜੀਮੈਂਟ ਵਿੱਚ ਸ਼ਾਮਲ ਹੋਏ। ਆਪਣੀ ਨਵੀਂ ਭੂਮਿਕਾ ਵਿੱਚ, ਆਪਣੇ 36 ਸਾਲਾਂ ਦੇ ਵਿਲੱਖਣ ਸੇਵਾ ਅਨੁਭਵ

ਨਾਲ, ਮੇਜਰ ਜਨਰਲ ਚੀਮਾ ਐਨ ਸੀ ਸੀ ਡਾਇਰੈਕਟੋਰੇਟ ਦੇ ਮੁਖੀ ਵਜੋਂ ਨਿਗਰਾਨੀ ਕਰਨਗੇ, ਜਿਸ ਵਿੱਚ ਪੰਜਾਬ, ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਵਿੱਚ ਅੱਠ ਗਰੁੱਪ ਹੈੱਡਕੁਆਰਟਰ ਸ਼ਾਮਲ ਹਨ।

ਮੇਜਰ ਜਨਰਲ ਚੀਮਾ ਦੀਆਂ ਵਿਦਿਅਕ ਯੋਗਤਾਵਾਂ ਵਿੱਚ ਪੰਜਾਬ ਯੂਨੀਵਰਸਿਟੀ ਤੋਂ ਦੋ ਐਮ-ਫਿਲ ਡਿਗਰੀਆਂ ਅਤੇ "ਭਾਰਤੀ ਹਥਿਆਰਬੰਦ ਸੈਨਾਵਾਂ ਦੀ ਸਾਂਝੀ ਯੁੱਧ ਸਮਰੱਥਾ ਦੇ ਗੰਭੀਰ ਮੁਲਾਂਕਣ" 'ਤੇ ਖੋਜ ਲਈ ਪੀਐਚਡੀ ਸ਼ਾਮਲ ਏ ।

---

ਮੁੱਖ ਖੇਤੀਬਾੜੀ ਅਫ਼ਸਰ ਸ਼ਹੀਦ ਭਗਤ ਸਿੰਘ ਨਗਰ ਡਾ. ਰਜਿੰਦਰ ਕੁਮਾਰ ਕੰਬੋਜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਿਸਾਨਾਂ ਦੀ ਸਹੂਲਤ ਲਈ ਪੰਜਾਬ ਸਰਕਾਰ ਵੱਲੋਂ ਡਾਈ-ਅਮੋਨੀਅਮ ਫਾਸਫੇਟ (ਡੀ.ਏ.ਪੀ) ਜਾਂ ਹੋਰ ਖਾਦਾਂ ਨਾਲ ਗੈਰ-ਜ਼ਰੂਰੀ ਰਸਾਇਣਾਂ ਦੀ ਗੈਰ-ਕਾਨੂੰਨੀ ਟੈਗਿੰਗ ਵਿਚ ਸ਼ਾਮਲ ਕਿਸੇ ਵੀ ਖਾਦ ਡੀਲਰ ਖ਼ਿਲਾਫ਼ ਸ਼ਿਕਾਇਤ ਕਰਨ ਲਈ ਕਿਸਾਨਾਂ ਵਾਸਤੇ ਹੈਲਪਲਾਈਨ ਨੰਬਰ ਜਾਰੀ ਕੀਤੇ ਨੇ । ਉਨ੍ਹਾਂ ਕਿਹਾ ਕਿ ਕਿਸਾਨ 1100 ’ਤੇ ਕਾਲ ਕਰਕੇ ਜਾਂ

ਵਟਸਐਪ ਨੰਬਰ 98555-01076 ’ਤੇ ਸੁਨੇਹਾ ਭੇਜ ਕੇ ਡੀ.ਏ.ਪੀ. ਖਾਦ ਦੀ ਅਸਲ ਕੀਮਤ ਤੋਂ ਵੱਧ ਰੇਟ ਵਸੂਲਣ, ਗੈਰ-ਕਾਨੂੰਨੀ ਜਮ੍ਹਾਖੋਰੀ ਜਾਂ ਕਾਲਾਬਾਜ਼ਾਰੀ ਵਰਗੇ ਮੁੱਦਿਆਂ ਦੀ ਰਿਪੋਰਟ ਪੰਜਾਬ ਪੱਧਰ 'ਤੇ ਦਰਜ ਕਰਵਾ ਸਕਦੇ ਨੇ।